# ਆਕਾਸ਼ਵਾਣੀ ਜਲੰਧਰ

# ਪ੍ਰਦੇਸ਼ਿਕ ਖਬਰਾਂ ਪੰਜਾਬੀ

**18:20 Pm**

**ਮਿਤੀ: 20-12-2024**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਕੁਵੈਤ ਦੇ ਦੋ ਦਿਨਾ ਦਿਨਾ ਦੌਰੇ'ਤੇ ਜਾਣਗੇ।
- ਗੁਆਂਢੀ ਸੂਬੇ ਹਰਿਆਣਾ ਦੇ ਸਾਬਕਾ ਮੁਖ ਮੰਤਰੀ ਅਤੇ INDIAN NATIONAL LOK DAL ਦੇ ਸੀਨੀਅਰ ਨੇਤਾ ਓਮ ਪ੍ਰਕਾਸ਼ ਚੌਟਾਲਾ ਦਾ ਅੱਜ ਦੇਹਾਂਤ ਹੋ ਗਿਆ ਏ।
- ਪੰਜਾਬ ਰਾਜ ਚੋਣ ਕਮਿਸ਼ਨ ਨੇ ਭਲਕੇ 21 ਦਸੰਬਰ ਨੂੰ ਮਿਉਂਸੀਪਲ ਸੰਸਥਾਵਾਂ ਲਈ ਆਮ ਅਤੇ ਜ਼ਿਮਨੀ ਚੋਣਾਂ ਵਾਸਤੇ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਏ।
- ਮੌਸਮ ਵਿਭਾਗ ਨੇ ਅਗਲੇ 2 ਦਿਨਾਂ ਦੌਰਾਨ ਪੰਜਾਬ ਵਿੱਚ ਸੀਤ ਲਹਿਰ ਤੋਂ ਗੰਭੀਰ ਸੀਤ ਲਹਿਰ ਦੇ ਹਾਲਾਤ ਬਣੇ ਰਹਿਣ ਦੀ ਪੇਸ਼ੀਨਗੋਈ ਕੀਤੀ ਏ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੁਵੈਤ ਦੇ ਅਮੀਰ Sheikh Meshal Al-Ahmad Al-Jaber Al-Sabah ਦੇ ਸੱਦੇ 'ਤੇ ਕੱਲ੍ਹ ਕੁਵੈਤ ਦੇ ਦੋ ਦਿਨਾ ਦਿਨਾ ਦੌਰੇ'ਤੇ ਜਾਣਗੇ। ਦੌਰੇ ਦੌਰਾਨ ਪ੍ਰਧਾਨ ਮੰਤਰੀ ਕੁਵੈਤ ਦੀ ਲੀਡਰਸ਼ਿਪ ਨਾਲ ਗੱਲਬਾਤ ਕਰਨਗੇ। ਪ੍ਰਧਾਨ ਮੰਤਰੀ ਦਾ ਕੁਵੈਤ ਵਿੱਚ ਭਾਰਤੀ ਭਾਈਚਾਰੇ ਨਾਲ ਵੀ ਗੱਲਬਾਤ ਕਰਣ ਦਾ ਪ੍ਰੋਗ੍ਰਾਮ ਏ. ਅੱਜ ਸ਼ਾਮ ਨਵੀਂ ਦਿੱਲੀ ਵਿੱਚ ਮੀਡੀਆ ਨੂੰ ਸਬੋਧਨ ਕਰਦਿਆਂ, ਵਿਦੇਸ਼ ਮੰਤਰਾਲੇ ਦੇ ਸਕੱਤਰ, (ਸੀਪੀਵੀ ਅਤੇ OIA), ਅਰੁਣ ਕੁਮਾਰ ਚੈਟਰਜੀ ਨੇ ਕਿਹਾ ਕਿ, ਇਹ 43 ਸਾਲਾਂ ਵਿੱਚ ਕਿਸੇ ਭਾਰਤੀ ਪ੍ਰਧਾਨ ਮੰਤਰੀ ਦੀ ਕੁਵੈਤ ਦੀ ਪਹਿਲੀ ਯਾਤਰਾ ਹੋਵੇਗੀ ।

-------------------------------------------------

ਹਰਿਆਣਾ ਦੇ ਸਾਬਕਾ ਮੁਖ ਮੰਤਰੀ ਅਤੇ INDIAN NATIONAL LOK DAL ਦੇ ਸੀਨੀਅਰ ਨੇਤਾ ਓਮ ਪ੍ਰਕਾਸ਼ ਚੌਟਾਲਾ ਦਾ ਅੱਜ ਦੁਪਹਿਰ ਬਾਅਦ ਗੁਰੁਗ੍ਰਾਮ'ਚ ਦੇਹਾਂਤ ਹੋ ਗਿਆ. ਓਹ 89 ਸਾਲਾਂ ਦੇ ਸਨ । ਹਰਿਆਣਾ ਦੇ ਪੰਜ ਵਾਰ ਦੇ ਮੁਖ - ਮੰਤਰੀ ਰਹਿ ਚੁਕੇ ਅਤੇ ਸਾਬਕਾ ਉਪ

ਪ੍ਰਧਾਨ ਮੰਤਰੀ ਦੇਵੀ ਦੇ ਪੁੱਤਰ ਓਮ ਪ੍ਰਕਾਸ਼ ਚੌਟਾਲਾ ਨੂੰ ਓਹਨਾਂ ਦੀ ਗੁਰੂਗ੍ਰਾਮ ਸਥਿਤ ਰਿਹਾਇਸ਼'ਤੇ ਦਿਲ ਦਾ ਦੌਰਾ ਪਿਆ ਅਤੇ ਓਹਨਾਂ ਨੂੰ ਤੁਰੰਤ ਹਸਪਤਾਲ ਲਿਜਾਇਆ ਗਿਆ ਪਰ ਓਹ ਬਚ ਨਹੀਂ ਸਕੇ. ਜਨਵਰੀ 1935'ਚ ਜਨਮੇ ਓਮ ਪ੍ਰਕਾਸ਼ ਚੌਟਾਲਾ ਭਾਰਤੀ ਰਾਜਨੀਤੀ ਦੇ ਸਿਰਕਢ ਨੇਤਾਵਾਂ ਵਿਚੋਂ ਇੱਕ ਸਨ।

---------------------------------------------------

ਪ੍ਰਧਾਨ ਮੰਤਰੀ ਨਰੇਂਦਰ ਮੋਦੀ ਨੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਦੇ ਦੇਹਾਂਤ 'ਤੇ ਦੁੱਖ ਪ੍ਰਗਟ ਕੀਤਾ ਏ । ਆਪਣੇ ਸੰਦੇਸ਼ ਵਿੱਚ ਸ੍ਰੀ ਮੋਦੀ ਨੇ ਕਿਹਾ ਕਿ ਉਹ ਕਈ ਸਾਲਾਂ ਤੋਂ ਰਾਜ ਦੀ ਰਾਜਨੀਤੀ ਵਿੱਚ ਸਰਗਰਮ ਸਨ ਅਤੇ ਓਹਨਾਂ ਚੌਧਰੀ ਦੇਵੀ ਲਾਲ ਦੇ ਕੰਮ ਨੂੰ ਅੱਗੇ ਵਧਾਉਣ ਦੀ ਲਗਾਤਾਰ ਕੋਸ਼ਿਸ਼ ਕੀਤੀ । ਪ੍ਰਧਾਨ ਮੰਤਰੀ ਨੇ ਦੁਖੀ ਪਰਿਵਾਰ ਅਤੇ ਹਮਾਇਤੀਆਂ ਪ੍ਰਤੀ ਹਮਦਰਦੀ ਪ੍ਰਗਟਾਈ।

----------------------------------------------------

ਮੁੱਖ ਮੰਤਰੀ ਨਾਇਬ ਸਿੰਘ ਸੈਣੀ ਨੇ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਦੇ ਦੇਹਾਂਤ 'ਤੇ ਦੁੱਖ ਦਾ ਪ੍ਰਗਟਾਵਾ ਕਰਦਿਆਂ ਕਿਹਾ ਏ ਕਿ ਉਨ੍ਹਾਂ

ਦੇ ਦੇਹਾਂਤ ਦੀ ਖ਼ਬਰ ਕਾਫ਼ੀ ਦੁਖਦਾਈ ਏ.। ਮੁੱਖ ਮੰਤਰੀ ਨੇ ਕਿਹਾ ਕਿ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਦਾ ਦੇਹਾਂਤ ਦੇਸ਼ ਅਤੇ ਹਰਿਆਣਾ ਦੀ ਰਾਜਨੀਤੀ ਲਈ ਕਦੇ ਨਾ ਪੂਰਾ ਹੋਣ ਵਾਲਾ ਘਾਟਾ ਏ।

---------------------------------------------------------

ਪੰਜਾਬ ਵਿਧਾਨ ਸਭਾ ਦੇ ਸਪੀਕਰ ਕੁਲਤਾਰ ਸਿੰਘ ਸੰਧਵਾਂ ਨੇ ਹਰਿਆਣਾ ਦੇ ਸਾਬਕਾ ਮੁੱਖ ਮੰਤਰੀ ਓਮ ਪ੍ਰਕਾਸ਼ ਚੌਟਾਲਾ ਦੇ ਦੇਹਾਂਤ 'ਤੇ ਡੂੰਘਾ ਦੁਖ ਪ੍ਰਗਟਾਇਆ ਏ. ਓਹਨਾਂ ਨੇ ਸ਼੍ਰੀ ਚੌਟਾਲਾ ਦੇ ਪਰਿਵਾਰ ਨਾਲ ਹਮਦਰਦੀ ਜ਼ਾਹਿਰ ਕੀਤੀ ਅਤੇ ਇਸ ਮੁਸ਼ਕਿਲ ਘੜੀ ਵਿੱਚ ਵਿਛੜੀ ਰੂਹ ਦੀ ਆਤਮਿਕ ਸ਼ਾਂਤੀ ਅਤੇ ਪਰਿਵਾਰ ਲਈ ਬਲ ਬਖਸ਼ਣ ਦੀ ਅਰਦਾਸ ਕੀਤੀ । 89 ਵੇ ਸਾਲਾ ਓਮ ਪ੍ਰਕਾਸ਼ ਚੌਟਾਲਾ, ਭਾਰਤ ਦੇ 6ਵੇਂ ਉਪ ਪ੍ਰਧਾਨ ਮੰਤਰੀ, ਚੌਧਰੀ ਦੇਵੀ ਲਾਲ ਦੇ ਪੁੱਤਰ ਅਤੇ ਇੰਡੀਅਨ ਨੈਸ਼ਨਲ ਲੋਕ ਦਲ ਦੇ ਮੁਖੀ ਸਨ । ਇਸ ਦੌਰਾਨ ਹਰਿਆਣਾ ਸਰਕਾਰ ਨੇ ਸ਼੍ਰੀ ਚੌਟਾਲਾ ਦੇ ਦੇਹਾਂਤ ਦੇ ਸੰਬੰਧ'ਚ ਓਹਨਾਂ ਦੇ ਸਤਿਕਾਰ ਵਜੋਂ ਰਾਜ'ਚ 3 ਦਿਨਾ ਦੇ ਸਰਕਾਰੀ ਸੋਗ ਦਾ ਐਲਾਨ ਕੀਤਾ ਏ. ਓਹਨਾਂ ਦਾ ਅੰਤਿਮ

ਸੰਸਕਾਰ ਭਲਕੇ ਦੁਪਹਿਰ ਬਾਅਦ 3 ਵਜੇ ਸਿਰਸਾ ਵਿਖੇ ਪੂਰੇ ਸਰਕਾਰੀ ਸਨਮਾਨਾਂ ਨਾਲ ਕੀਤਾ ਜਾਏਗਾ।

------------------------------------------------------------

ਪੰਜਾਬ ਰਾਜ ਚੋਣ ਕਮਿਸ਼ਨ ਨੇ ਭਲਕੇ 21 ਦਸੰਬਰ ਨੂੰ ਮਿਉਂਸੀਪਲ ਸੰਸਥਾਵਾਂ ਲਈ ਆਮ ਅਤੇ ਜ਼ਿਮਨੀ ਚੋਣਾਂ ਵਾਸਤੇ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਏ.। ਪੰਜਾਬ ਦੇ ਮੁਖ ਸਕੱਤਰ ਦੇ ਦਫਤਰ ਨੇ ਜਾਣਕਾਰੀ ਦਿੱਤੀ ਏ ਕਿ, 5 ਮਿਉਂਸੀਪਲ ਕਾਰਪੋਰੇਸ਼ਨਾਂ ਅਤੇ ਵਖ – ਵਖ ਮਿਉਂਸੀਪਲ ਕੌਂਸਿਲਾਂ ਅਤੇ ਨਗਰ ਪੰਚਾਇਤਾਂ ਦੀਆਂ ਚੋਣਾਂ ਵਾਲੇ ਜ਼ਿਲਿਆਂ ਅਤੇ ਸੰਬੰਧਿਤ ਮਿਉਂਸੀਪਲ ਸੰਸਥਾਵਾਂ'ਚ ਛੁੱਟੀ ਰਹੇਗੀ ਤਾਂ ਜੋ ਸਰਕਾਰੀ ਅਤੇ ਨਿਜੀ ਸੰਸਥਾਵਾਂ ਦੇ ਮੁਲਾਜ਼ਮ ਆਪਣੀ ਵੋਟ ਪਾ ਸਕਣ।

------------------------------------------------------------

ਸਲਾਨਾ ਤਿੰਨ ਰੋਜਾ ਸ਼ਹੀਦੀ ਜੋੜ ਮੇਲ ਮੌਕੇ ਸੰਗਤਾਂ ਨੂੰ ਟਰੈਫਿਕ ਪੱਖੋਂ ਕਿਸੇ ਤਰ੍ਹਾਂ ਦੀ ਪਰੇਸ਼ਾਨੀ ਪੇਸ਼ ਨਾ ਆਉਣ ਦੇ ਮਨੋਰਥ ਨਾਲ ਰੂਪਨਗਰ ਦੇ ਡੀ.ਆਈ.ਜੀ. ਹਰਚਰਨ ਸਿੰਘ ਭੁੱਲਰ ਨੇ ਜ਼ਿਲ੍ਹਾ ਪੁਲਿਸ ਮੁਖੀ ਡਾ: ਰਵਜੋਤ ਗਰੇਵਾਲ ਸਮੇਤ ਸ਼ਹੀਦੀ ਸਭਾ ਮੌਕੇ ਕੀਤੇ ਜਾਣ ਵਾਲੇ ਪ੍ਰਬੰਧਾਂ

ਦਾ ਜਾਇਜ਼ਾ ਲਿਆ। ਇਸ ਮੌਕੇ ਸ਼੍ਰੀ ਭੁੱਲਰ ਨੇ ਕਿਹਾ ਕਿ ਸ਼ਹੀਦਾਂ ਦੀ ਧਰਤੀ ਫ਼ਤਹਿਗੜ੍ਹ ਸਾਹਿਬ ਤੇ ਹਰੇਕ ਸਾਲ ਕਰਾਈ ਜਾਣ ਵਾਲੀ ਸ਼ਹੀਦੀ ਸਭਾ ਦੌਰਾਨ ਜ਼ਿਲ੍ਹਾ ਪੁਲਿਸ ਵੱਲੋਂ ਸੰਗਤ ਦੀ ਸੁਰੱਖਿਆ ਤੇ ਸਹੂਲਤ ਲਈ ਪੁਖਤਾ ਇੰਤਜ਼ਾਮ ਕੀਤੇ ਜਾ ਰਹੇ ਨੇ ਤਾਂ ਜੋ ਸੰਗਤ ਨੂੰ ਕੋਈ ਮੁਸ਼ਕਲ ਪੇਸ਼ ਨਾ ਆਵੇ । ਉਨ੍ਹਾਂ ਦੱਸਿਆ ਕਿ ਸੰਗਤ ਦੀ ਸਹੂਲਤ ਲਈ 20 ਮੁਫਤ ਪਾਰਕਿੰਗ ਬਣਾਈਆਂ ਗਈਆਂ ਨੇ ਤੇ ਨਿਰਵਿਘਨ ਆਵਾਜਾਈ ਲਈ ਲਗਭਗ 80 ਸ਼ਟਲ ਬੱਸਾਂ ਚਲਾਈਆਂ ਜਾਣਗੀਆਂ ਤਾਂ ਜੋ ਦੇਸ਼ ਵਿਦੇਸ਼ ਤੋਂ ਆਉਣ ਵਾਲੀ ਸੰਗਤ ਨੂੰ ਕਿਸੇ ਕਿਸਮ ਦੀ ਪ੍ਰੇਸ਼ਾਨੀ ਨਾ ਹੋਵੇ। ਡੀ.ਆਈ.ਜੀ. ਭੁੱਲਰ ਨੇ ਦੱਸਿਆ ਕਿ ਪੁਲਿਸ ਵੱਲੋਂ ਬਣਾਏ ਜਾਣ ਵਾਲੇ 06 ਪੁਲਿਸ ਸਹਾਇਤਾ ਕੇਂਦਰਾਂ ਤੋਂ ਸੰਗਤ ਨੂੰ ਪੁਲਿਸ ਨਾਲ ਸਬੰਧਤ ਸੇਵਾਵਾਂ ਹਾਸਲ ਹੋਣਗੀਆਂ ਅਤੇ ਜੇਕਰ ਕੋਈ ਵਿਅਕਤੀ ਕਿਸੇ ਕਿਸਮ ਦੀ ਕੋਈ ਪ੍ਰੇਸ਼ਾਨੀ ਬਾਰੇ ਪੁਲਿਸ ਨਾਲ ਸੰਪਰਕ ਕਰਨਾ ਚਾਹੁੰਦਾ ਹੋਵੇ ਤਾਂ ਉਹ ਪੁਲਿਸ ਨਾਕਿਆਂ ਤੇ ਤਾਇਨਾਤ ਪੁਲਿਸ ਜਵਾਨਾਂ ਨਾਲ ਗੱਲਬਾਤ ਕਰਕੇ ਮੁੱਖ ਕੰਟਰੋਲ ਰੂਮ ਰਾਹੀਂ ਆਪਣੀ ਸਮੱਸਿਆ ਦਾ ਹੱਲ ਕਰਵਾ ਸਕੇਗਾ। ਉਨ੍ਹਾਂ ਕਿਹਾ ਕਿ ਪੁਲਿਸ ਵੱਲੋਂ ਜੇਬ ਕਤਰਿਆਂ ਅਤੇ ਹੋਰ

ਸਮਾਜ ਵਿਰੋਧੀ ਅਨਸਰਾਂ `ਤੇ ਸੀ.ਸੀ.ਟੀ.ਵੀ. ਕੈਮਰਿਆਂ ਰਾਹੀਂ ਤਿੱਖੀ ਨਜ਼ਰ ਰੱਖੀ ਜਾਵੇਗੀ ਤੇ ਸ਼ਹੀਦੀ ਸਭਾ ਦੌਰਾਨ ਇਹਨਾਂ ਅਨਸਰਾਂ ਨੂੰ ਸਿਰ ਚੁੱਕਣ ਨਹੀਂ ਦਿੱਤਾ ਜਾਵੇਗਾ। ਉਨ੍ਹਾਂ ਸਮੂਹ ਪੁਲਿਸ ਅਧਿਕਾਰੀਆਂ ਤੇ ਕਰਮਚਾਰੀਆਂ ਨੂੰ ਕਿਹਾ ਕਿ ਸ਼ਹੀਦੀ ਸਭਾ ਇੱਕ ਮੁਕੱਦਸ ਅਵਸਰ ਹੈ, ਇਸ ਲਈ ਆਪਣੀ ਡਿਊਟੀ ਸੇਵਾ ਭਾਵਨਾ ਨਾਲ ਕਰਨ ਨੂੰ ਯਕੀਨੀ ਬਣਾਇਆ ਜਾਵੇ।

--------------------------------------------------------

ਸਮਾਜਿਕ ਸੁਰੱਖਿਆ ਤੇ ਇਸਤਰੀ ਅਤੇ ਬਾਲ ਵਿਕਾਸ ਵਿਭਾਗ ਦੇ ਦਿਸ਼ਾ-ਨਿਰਦੇਸ਼ਾਂ ਅਨੁਸਾਰ ਪ੍ਰਾਜੈਕਟ ਜੀਵਨ ਜੋਤ ਤਹਿਤ ਜਲੰਧਰ ਵਿੱਚ ਬਚਿਆਂ ਵੱਲੋਂ ਭੀਖ ਮੰਗੇ ਜਾਣ ਨੂੰ ਰੋਕਣ ਲਈ ਚਲਾਈ ਜਾ ਰਹੀ ਮੁਹਿੰਮ ਤਹਿਤ ਅੱਜ 2 ਕੁੜੀਆਂ ਨੂੰ ਬਚਾਇਆ ਗਿਆ ਏ. ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਅਜੈ ਭਾਰਤੀ ਨੇ ਇਸ ਸਬੰਧੀ ਜਾਣਕਾਰੀ ਦਿੰਦਿਆਂ ਦੱਸਿਆ ਕਿ ਬਾਲ ਭਿੱਖਿਆ ਨੂੰ ਰੋਕਣ ਲਈ ਇਸ ਮੁਹਿੰਮ ਤਹਿਤ ਸ਼ਹਿਰ ਦੇ ਵੱਖ ਵੱਖ ਚੌਂਕ ਸਮੇਤ ਕਈ ਥਾਵਾਂ ’ਤੇ ਚੈਕਿੰਗ ਕੀਤੀ ਗਈ, ਜਿਸ ਦੌਰਾਨ ਭੀਖ ਮੰਗ ਰਹੀਆਂ 2 ਲੜਕੀਆਂ ਨੂੰ ਰੈਸਕਿਊ

ਕੀਤਾ ਗਿਆ। ਉਨ੍ਹਾਂ ਦੱਸਿਆ ਕਿ ਲੜਕੀਆਂ ਦੀ ਸਿਵਲ ਹਸਪਤਾਲ ਤੋਂ ਮੈਡੀਕਲ ਜਾਂਚ ਕਰਵਾਉਣ ਤੋਂ ਬਾਅਦ ਬਾਲ ਭਲਾਈ ਕਮੇਟੀ ਜਲੰਧਰ ਕੋਲ ਪੇਸ਼ ਕਰ ਕੇ ਸ਼ਰਣ ਦਿੱਤੀ ਗਈ ਏ.। ਉਨ੍ਹਾਂ ਦੱਸਿਆ ਕਿ ਸਮਾਜਿਕ ਸੁਰੱਖਿਆ ਅਤੇ ਇਸਤਰੀ ਤੇ ਬਾਲ ਵਿਕਾਸ ਵਿਭਾਗ ਵੱਲੋਂ ਇਹ ਚੈਕਿੰਗ ਮੁਹਿੰਮ ਪੂਰੇ ਪੰਜਾਬ ਵਿੱਚ ਲਗਾਤਾਰ ਚਲਾਈ ਜਾ ਰਹੀ ਹੈ ਤਾਂ ਜੋ ਦੂਜੇ ਰਾਜਾਂ ਤੋਂ ਆਏ ਪ੍ਰਵਾਸੀਆਂ ਨੂੰ ਪੰਜਾਬ ਵਿੱਚ ਭੀਖ ਮੰਗਣ ਤੋਂ ਰੋਕਿਆ ਜਾ ਸਕੇ ਅਤੇ ਭੀਖ ਮੰਗਣ ਵਿੱਚ ਲੱਗੇ ਬੱਚਿਆਂ ਨੂੰ ਸਿੱਖਿਆ ਨਾਲ ਜੋੜ ਕੇ ਉਨ੍ਹਾਂ ਦੇ ਭਵਿੱਖ ਨੂੰ ਰੌਸ਼ਨ ਬਣਾਇਆ ਜਾ ਸਕੇ। ਜ਼ਿਲ੍ਹਾ ਬਾਲ ਸੁਰੱਖਿਆ ਅਫ਼ਸਰ ਨੇ ਆਮ ਲੋਕਾਂ ਨੂੰ ਅਪੀਲ ਕੀਤੀ ਕਿ 18 ਸਾਲ ਤੋਂ ਛੋਟੇ ਉਮਰ ਦੇ ਬੱਚਿਆਂ ਤੋਂ ਭੀਖ ਨਾ ਮੰਗਵਾਈ ਜਾਵੇ ।

---------------------------------------------------

ਆਕਾਸ਼ਵਾਣੀ ਜਲੰਧਰ'ਚ ਅੱਜ ਹਿੰਦੀ ਰਾਜਭਾਸ਼ਾ ਨੂੰ ਸਮਰਪਿਤ ਹਿੰਦੀ ਵਰਕਸ਼ਾਪ ਕਰਾਈ ਗਈ. ਇਸ ਵਰਕਸ਼ਾਪ ਦੀ ਪ੍ਰਧਾਨਗੀ ਆਕਾਸ਼ਵਾਣੀ ਜਲੰਧਰ ਦੇ ਮੁਖੀ, ਡਿਪਟੀ ਡਾਇਰੈਕਟਰ ਜਨਰਲ ਸ਼੍ਰੀ ਰਨਜੀਤ ਮੀਨਾ ਨੇ ਕੀਤੀ । ਇਸ ਮੌਕੇ ਸੀਮਾ ਸੁਰਖਿਆ ਬਲ ਦੇ ਹਿੰਦੀ ਅਧਿਕਾਰੀ ਸ਼੍ਰੀ

ਬਿਹਾਰੀ ਝਾ ਨੇ ਆਪਣੇ ਸੰਬੋਧਨ’ਚ ਸਭਨਾਂ ਨੂੰ ਆਪਣੇ ਰੋਜ਼ਾਨਾ ਦੇ ਸਰਕਾਰੀ ਕੰਮਕਾਜ’ਚ ਹਿੰਦੀ ਦਾ ਵਧ ਤੋਂ ਵਧ ਇਸਤੇਮਾਲ ਕਰਨ ਲਈ ਕਿਹਾ. ਓਹਨਾਂ ਕਿਹਾ ਕਿ ਹਿੰਦੀ ਬਹੁਤ ਹੀ ਸਰਲ ਭਾਸ਼ਾ ਏ ਜੋ ਭਾਰਤ ਨੂੰ ਜੋੜਦੀ ਏ. ਓਹਨਾਂ ਕਿਹਾ ਕਿ ਵਿਸ਼ਵ ਦੇ ਭੂਤ ਸਾਰੇ ਦੇਸ਼ਾਂ ਵਿਚ ਵੀ ਇਸ ਨੂੰ ਲੋਕ ਸਿਖ ਰਹੇ ਨੇ ਅਤੇ ਇਸ ‘ਤੇ RESEARCH ਵੀ ਕਰ ਰਹੇ ਨੇ।

--------------------------------------------------

ਪਠਾਨਕੋਟ ਜ਼ਿਲ੍ਹਾ ਪ੍ਰਸ਼ਾਸਨ ਅਤੇ ਨਹਿਰੂ ਯੁਵਾ ਕੇਂਦਰ ਵੱਲੋਂ ਆਰੀਆ ਮਹਿਲਾ ਮਹਾਵਿਦਿਆਲਿਆ ਵਿਖੇ ਰਾਸ਼ਟਰੀ ਯੁਵਾ ਦਿਵਸ ਮਨਾਇਆ ਗਿਆ | ਨਹਿਰੂ ਯੁਵਾ ਕੇਂਦਰ ਗੁਰਦਾਸਪੁਰ ਪਠਾਨਕੋਟ ਦੇ ਜ਼ਿਲ੍ਹਾ ਯੂਥ ਕੋਆਰਡੀਨੇਟਰ ਸੰਦੀਪ ਕੌਰ ਦੀ ਪ੍ਰਧਾਨਗੀ ਹੇਠ ਕਰਵਾਏ ਇਸ ਪ੍ਰੋਗਰਾਮ ਵਿੱਚ ਜ਼ਿਲ੍ਹੇ ਦੇ ਵੱਖ-ਵੱਖ ਸਕੂਲਾਂ ਦੇ 300 ਤੋਂ ਵੱਧ ਬੱਚਿਆਂ ਨੇ ਹਿੱਸਾ ਲਿਆ। ਬੱਚਿਆਂ ਨੇ ਨੁੱਕੜ ਨਾਟਕ ਅਤੇ ਗਿਧੇ ਸਮੇਤ ਬਹੁਤ ਸਾਰੇ ਵਿਸ਼ਿਆਂ’ਤੇ ਆਪਣਾ ਹੁਨਰ ਵਿਖਾਇਆ. ਪ੍ਰੋਗਰਾਮ ਵਿੱਚ ਸੱਭਿਆਚਾਰਕ ਵਿਭਾਗ ਅਧੀਨ ਜ਼ਿਲ੍ਹਾ ਹੈਰੀਟੇਜ ਗੁਰਦਾਸਪੁਰ ਦੇ

ਪ੍ਰੋਗਰਾਮ ਅਫ਼ਸਰ ਹਰਮਨਪ੍ਰੀਤ ਸਿੰਘ ਮੁੱਖ ਮਹਿਮਾਨ ਵਜੋਂ, ਸ਼ਾਮਿਲ ਹੋਏ। ਓਹਨਾਂ ਕਿਹਾ ਕਿ ਯੁਵਕ ਦਿਵਸ ਮਨਾਉਣ ਦਾ ਮਕਸਦ ਬੱਚਿਆਂ ਨੂੰ ਆਪਣੇ ਸੱਭਿਆਚਾਰ ਤੋਂ ਜਾਣੂ ਕਰਵਾਉਣਾ ਹੈ ਤਾਂ ਜੋ ਭਾਰਤ ਨੂੰ ਵਿਕਸਤ ਰਾਸ਼ਟਰ ਬਣਾਇਆ ਜਾ YOUTH COORDINATOR SANDEEP KAUR ਨੇ ਦੱਸਿਆ-

-----------------------------------------------------------

ਭਾਰਤ ਦੇ ਮੌਸਮ ਵਿਭਾਗ ਨੇ ਅਗਲੇ 7 ਦਿਨਾਂ ਦੌਰਾਨ ਜੰਮੂ-ਕਸ਼ਮੀਰ ਅਤੇ ਹਿਮਾਚਲ ਪ੍ਰਦੇਸ਼ ਵਿੱਚ ਸੀਤ ਲਹਿਰ ਤੋਂ ਗੰਭੀਰ ਸੀਤ ਲਹਿਰ ਦੇ ਹਾਲਾਤ ਬਣੇ ਰਹਿਣ ਦੀ ਪੇਸ਼ੀਨਗੋਈ ਕੀਤੀ. ਮੌਸਮ ਵਿਭਾਗ ਅਨੁਸਾਰ ਅਗਲੇ 2 ਦਿਨਾਂ ਦੌਰਾਨ ਪੰਜਾਬ ਅਤੇ ਰਾਜਸਥਾਨ ਵਿੱਚ ਵੀ ਇਹੀ ਹਾਲਾਤ ਬਣੇ ਰਹਿਣਗੇ। ਇਸ ਬਾਰੇ ਚੰਡੀਗੜ੍ਹ ਸਥਿਤ ਮੌਸਮ ਵਿਭਾਗ ਦੇ ਡਾਇਰੈਕਟਰ ਸ਼੍ਰੀ ਸੁਰਿੰਦਰ ਪਾਲ ਨੇ ਵਧੇਰੇ ਜਾਣਕਾਰੀ ਦਿੰਦਿਆਂ ਦੱਸਿਆ –

-----------------------------------------------------------

**ਆਖਿਰ 'ਚ ਖਾਸ ਖਬਰਾਂ ਇਕ ਵਾਰ ਫਿਰ ਤੋਂ**

- ਪ੍ਰਧਾਨ ਮੰਤਰੀ ਨਰੇਂਦਰ ਮੋਦੀ ਕੱਲ੍ਹ ਕੁਵੈਤ ਦੇ ਦੋ ਦਿਨਾ ਦਿਨਾ ਦੌਰੇ'ਤੇ ਜਾਣਗੇ।
- ਗੁਆਂਢੀ ਸੂਬੇ ਹਰਿਆਣਾ ਦੇ ਸਾਬਕਾ ਮੁਖ ਮੰਤਰੀ ਅਤੇ INDIAN NATIONAL LOK DAL ਦੇ ਸੀਨੀਅਰ ਨੇਤਾ ਓਮ ਪ੍ਰਕਾਸ਼ ਚੌਟਾਲਾ ਦਾ ਅੱਜ ਦੇਹਾਂਤ ਹੋ ਗਿਆ ਏ।
- ਪੰਜਾਬ ਰਾਜ ਚੋਣ ਕਮਿਸ਼ਨ ਨੇ ਭਲਕੇ 21 ਦਸੰਬਰ ਨੂੰ ਮਿਊਂਸੀਪਲ ਸੰਸਥਾਵਾਂ ਲਈ ਆਮ ਅਤੇ ਜ਼ਿਮਨੀ ਚੋਣਾਂ ਵਾਸਤੇ ਸਰਕਾਰੀ ਛੁੱਟੀ ਦਾ ਐਲਾਨ ਕੀਤਾ ਏ।
- ਮੌਸਮ ਵਿਭਾਗ ਨੇ ਅਗਲੇ 2 ਦਿਨਾਂ ਦੌਰਾਨ ਪੰਜਾਬ ਵਿੱਚ ਸੀਤ ਲਹਿਰ ਤੋਂ ਗੰਭੀਰ ਸੀਤ ਲਹਿਰ ਦੇ ਹਾਲਾਤ ਬਣੇ ਰਹਿਣ ਦੀ ਪੇਸ਼ੀਨਗੋਈ ਕੀਤੀ ਏ।